# ਦਫ਼ਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ

(ਫੁਟਕਲ ਸ਼ਾਖਾ)

ਹੁਕਮ ਨੰ: 200 /ਫਸ

ਜਿਵੇਂ ਕਿ ਭਾਰਤ ਸਰਕਾਰ ਨੇ ਕੋਵਿਡ-19 (ਕੋਰੋਨਾ ਵਾਇਰਸ) ਨੂੰ ਮਹਾਂਮਾਰੀ ਘੋਸ਼ਿਤ ਕਰਨ ਉਪਰੰਤ ਪੰਜਾਬ ਸਰਕਾਰ ਵੱਲੋ ਜਾਰੀ ਨੋਟੀਫਿਕੇਸ਼ਨ ਨੰ:14/7/2020-4/677 ਮਿਤੀ 05-03-2020 ਰਾਂਹੀ ਕੋਵਿਡ-19 (ਕੋਰੋਨਾ ਵਾਇਰਸ) ਨੂੰ ਪੰਜਾਬ ਰਾਜ ਵਿੱਚ ਮਹਾਂਮਾਰੀ ਘੋਸ਼ਿਤ ਕਰ ਦਿੱਤਾ ਗਿਆ ਹੈ। ਜਿਸ ਦੇ ਖਤਰੇ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹੇ ਵਿੱਚ ਹਰ ਤਰ੍ਹਾਂ ਦੇ ਕੋਚਿੰਗ ਸੈਂਟਰ, ਆਈਲਟਸ ਸੈਂਟਰ ਅਤੇ ਟਿਊਸ਼ਨ ਸੈਂਟਰ ਵਿੱਚ ਬੱਚਿਆ/ਲੋਕਾਂ ਦੇ ਹੋਣ ਵਾਲੇ ਇੱਕਠ ਨੂੰ ਰੋਕਿਆ ਜਾਣਾ ਜਰੂਰੀ ਹੈ ਕਿਉਕਿ ਇਹ ਵਾਇਰ ਲੋਕਾਂ ਦੇ ਇੱਕ ਦੂਜੇ ਦੇ ਸੰਪਰਕ ਵਿੱਚ ਆਉਣ ਤੇ ਤੇਜੀ ਨਾਲ ਫੈਲਦਾ ਹੈ। ਇਸ ਲਈ ਆਮ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨ ਵਾਸਤੇ ਲੋਕ ਹਿੱਤਾਂ ਵਿੱਚ ਤੁਰੰਤ ਕਾਰਵਾਈ ਕਰਨੀ ਜਰੂਰੀ ਹੈ।

ਇਸ ਲਈ ਮੈਂ ਗੁਰਜੀਤ ਸਿੰਘ, ਪੀ.ਸੀ.ਐਸ, ਵਧੀਕ ਜਿਲ੍ਹਾ ਮੈਜਿਸਟਰੇਟ, ਫਰੀਦਕੋਟ ਪੰਜਾਬ ਸਰਕਾਰ ਵੱਲੋਂ ਉਕਤ ਜਾਰੀ ਨੋਟੀਫਿਕੇਸ਼ਨ ਨੂੰ ਮੱਦੇਨਜ਼ਰ ਰੱਖਦੇ ਹੋਏ The Epidemic Diseases Act 1897 ਤਹਿਤ ਆਮ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੋਵਿਡ-19 (ਕੋਰੋਨਾ ਵਾਇਰਸ) ਦੇ ਪ੍ਰਭਾਵ ਨੂੰ ਆਮ ਲੋਕਾਂ ਦੇ ਵਿੱਚ ਫੈਲਣ ਤੋਂ ਰੋਕਣ ਲਈ ਜਿਲ੍ਹਾ ਫਰੀਦਕੋਟ ਅੰਦਰ ਚੱਲ ਰਹੇ ਹਰ ਤਰ੍ਹਾਂ ਦੇ ਕੋਚਿੰਗ ਸੈਂਟਰ, ਆਈਲਟਸ ਸੈਂਟਰ ਅਤੇ ਟਿਊਸ਼ਨ ਸੈਂਟਰ ਮਿਤੀ 18-03-2020 ਤੋ 31-03-2020 ਤੱਕ ਬੰਦ ਕਰਨ ਦਾ ਹੁਕਮ ਜਾਰੀ ਕਰਦਾ ਹਾਂ।

ਇਹ ਹੁਕਮ ਮਿਤੀ 18-03-2020 ਤੋਂ 31-03-2020 ਤੱਕ ਲਾਗੂ ਰਹਿਣਗੇ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਸਮੂਹ ਆਮ ਲੋਕਾਂ ਨੂੰ ਸੰਬੋਧਨ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ-ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫਸਰਾਂ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਦੇ ਦਫ਼ਤਰ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਅਤੇ ਲੋਕ ਸੰਪਰਕ ਵਿਭਾਗ ਫਰੀਦਕੋਟ ਪ੍ਰੈਸ ਮਾਧਿਅਮ ਰਾਹੀਂ ਪ੍ਰਚਾਰ ਕਰਕੇ ਲਾਗੂ ਕੀਤਾ ਜਾਵੇਗਾ।

ਇਸ ਹੁਕਮ ਨੂੰ ਲਾਗੂ ਕਰਾਉਣ ਲਈ ਸੀਨੀਅਰ ਪੁਲਿਸ ਕਪਤਾਨ, ਫਰੀਦਕੋਟ ਅਤੇ ਉਪ ਮੰਡਲ ਮੈਜਿਸਟਰੇਟਰ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਜਿੰਮੇਵਾਰ ਹੋਣਗੇ।

ਇਹ ਹੁਕਮ ਅੱਜ ਮਿਤੀ 17-03-2020 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ ਹੈ।

District Magistrate FARIDKOT

ਵਧੀਕ ਜਿਲ੍ਹਾ ਮੈਜਿਸਟਰੇਟ,
ਫਰੀਦਕੋਟ

ਪਿੱਠ ਅੰ:ਨੰ: 1219 /ਫਸ-ਫਕ-2 ਮਿਤੀ 17-03-2020

ਉਪਰੋਕਤ ਦਾ ਉਤਾਰਾ ਹੇਠ ਲਿਖੇ ਅਫਸਰਾਂ ਪਾਸ ਜਾਣਕਾਰੀ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ :-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ।
3. ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪ੍ਰੀਵਾਰ ਭਲਾਈ ਵਿਭਾਗ, ਚੰਡੀਗੜ੍ਹ।
4. ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।
5. ਸਮੂਹ ਜਿਲ੍ਹਾ ਮੈਜਿਸਟਰੇਟ, ਪੰਜਾਬ ਰਾਜ (ਫਿਰੋਜ਼ਪੁਰ /ਫਾਜਿਲਕਾ /ਮੋਗਾ/ਸ੍ਰੀ ਮੁਕਤਸਰ ਸਾਹਿਬ/ਬਠਿੰਡਾ/ਮਾਨਸਾ/ ਪਟਿਆਲਾ/ ਸੰਗਰੂਰ/ਬਰਨਾਲਾ/ ਫਤਿਹਗੜ੍ਹ ਸਾਹਿਬ/ਜਲੰਧਰ/ਕਪੂਰਥਲਾ/ਹੁਸ਼ਿਆਰਪੁਰ/ਸ਼ਹੀਦ ਭਗਤ ਸਿੰਘ ਨਗਰ/ਲੁਧਿਆਣਾ/ਰੂਪ ਨਗਰ/ਮੋਹਾਲੀ/ਸ੍ਰੀ ਅਮ੍ਰਿਤਸਰ ਸਾਹਿਬ/ਗੁਰਦਾਸਪੁਰ/ਪਠਾਨਕੋਟ/ਤਰਨਤਾਰਨ।
6. ਸੀਨੀਅਰ ਪੁਲਿਸ ਕਪਤਾਨ, ਫਰੀਦਕੋਟ (ਸਮੇਤ 10-ਕਾਪੀਆਂ) ਪਾਸ ਹੁਕਮਾਂ ਨੂੰ ਲਾਗੂ ਕਰਾਉਣ ਹਿੱਤ।
7. ਸਕੱਤਰ, ਰੀਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ
8. ਉਪ-ਮੰਡਲ ਮੈਜਿਸਟਰੇਟ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ।
9. ਸਿਵਲ ਸਰਜਨ, ਫਰੀਦਕੋਟ।
10. ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ ਪਾਸ ਆਮ ਲੋਕਾਂ ਵਿੱਚ ਪ੍ਰਚਾਰ ਕਰਨ ਹਿੱਤ।
11. ਤਹਿਸੀਲਦਾਰ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਪਾਸ ਮੁਸਤਰੀ ਮੁਨਾਦੀ ਕਰਾਉਣ ਹਿੱਤ।
12. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ ਅਤੇ ਕੋਟਕਪੂਰਾ ਅਤੇ ਜੈਤੋ।
13. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ।
14. ਸਕੱਤਰ, ਭਾਰਤੀਆ ਰੈਂਡ ਕਰਸ ਸ਼ਾਖਾ, ਜਿਲ੍ਹਾ ਫਰੀਦਕੋਟ
15. ਪੀ.ਏ.ਟੂ ਜਿਲ੍ਹਾ ਮੈਜਿਸਟਰੇਟ, ਸਸਸ ਟੂ ਐਡੀ:ਜਿਲ੍ਹਾ ਮੈਜਿਸਟਰੇਟ, ਫਰੀਦਕੋਟ।

ਵਧੀਕ ਜਿਲ੍ਹਾ ਮੈਜਿਸਟਰੇਟ,
ਫਰੀਦਕੋਟ।

Scanned with CamScanner